ਪੰਜਾਬ ਸਰਕਾਰ

ਸਿੱਖਿਆ ਵਿਭਾਗ

ਵੱਲ

1.0 ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ।

2.0 ਸਮੂਹ ਜਿਲ੍ਹਾ ਸਿੱਖਿਆ ਅਫਸਰ (ਐਸਿ), ਪੰਜਾਬ।

3.0 ਸਮੂਹ ਸਕੂਲ ਮੁਖੀ, ਸਰਕਾਰੀ ਸਕੂਲ, ਪੰਜਾਬ।

ਮੀਮੋ ਨੰ. 15/55-2019 ਕੋ (1)/2021 207189-191

ਮਿਤੀ: ਐਸ.ਏ.ਐਸ. ਨਗਰ - 01-07-2021

ਵਿਸ਼ਾ: ਮੰਨਜ਼ੂਰ ਹੋਈ ਛੁੱਟੀ ਰੱਦ ਕਰਵਾਉਣ ਲਈ ਆਨਲਾਈਨ ਅਪਲਾਈ ਕਰਨ ਸਬੰਧੀ।

1.0 ਸਕੂਲ ਅਧਿਆਪਕਾਂ/ਕਰਮਚਾਰੀਆਂ ਵੱਲੋਂ ਛੁੱਟੀਆਂ ਰੱਦ ਕਰਵਾਉਣ ਲਈ ਅਰਜੀਆਂ ਸਕੂਲ ਮੁਖੀਆਂ, ਜਿਲ੍ਹਾ ਸਿੱਖਿਆ ਅਫਸਰ ਅਤੇ ਮੁੱਖ ਦਫਤਰ ਵਿਖੇ ਦਿੱਤੀਆਂ ਜਾ ਰਹੀਆਂ ਹਨ। ਇਸ ਪ੍ਰੀਕ੍ਰਿਆਂ ਵਿੱਚ ਸਕੂਲ ਅਧਿਆਪਕਾਂ/ਕਰਮਚਾਰੀਆਂ ਦਾ ਕਾਫੀ ਸਮਾਂ ਬਰਬਾਦ ਹੁੰਦਾ ਹੈ ਅਤੇ ਕਾਗਜ਼ੀ ਕਾਰਵਾਈ ਵਿੱਚ ਕਾਫੀ ਸਮਾਂ ਲੱਗ ਜਾਂਦਾ ਹੈ। ਅਧਿਆਪਕਾਂ /ਕਰਮਚਾਰੀਆਂ ਦੀਆਂ ਅਜਿਹੀਆਂ ਸਮੱਸਿਆਵਾਂ ਨੂੰ ਮੁੱਖ ਰੱਖਦੇ ਹੋਏ ਸਿੱਖਿਆ ਵਿਭਾਗ, ਪੰਜਾਬ ਵੱਲੋਂ ਈਪੰਜਾਬਸਕੂਲ ਪੋਰਟਲ ਉੱਤੇ ਮਨਜ਼ੂਰ ਹੋਈਆਂ ਛੁੱਟੀਆਂ ਨੂੰ ਰੱਦ ਕਰਵਾਉਣ ਲਈ ਆਨਲਾਈਨ ਅਪਲਾਈ ਕਰਨ ਲਈ ਨਵਾਂ ਸਾਫਟਵੇਅਰ ਤਿਆਰ ਕੀਤਾ ਗਿਆ ਹੈ। ਇਸ ਦੀ ਮਦਦ ਨਾਲ ਹੁਣ ਅਧਿਆਪਕ/ਕਰਮਚਾਰੀ Ex-India Leave, Without Pay leave, Half Pay leave, Child Care leave and Maternity leave etc. ਮੰਨਜ਼ੂਰ ਹੋਈ ਛੁੱਟੀ ਨੂੰ ਰੱਦ ਕਰਵਾਉਣ ਲਈ ਆਨਲਾਈਨ ਈਪੰਜਾਬਸਕੂਲ ਪੋਰਟਲ ਉਤੇ ਆਪਣੇ ਨਿਜੀ ਅਕਾਉਂਟ ਵਿੱਚੋਂ ਅਪਲਾਈ ਕਰ ਸਕਣਗੇ।

2.0 ਉਪਰੋਕਤ ਛੁੱਟੀ ਰੱਦ ਕਰਵਾਉਣ ਲਈ ਆਨਲਾਈਨ ਅਪਲਾਈ ਕਰਨ ਵਿੱਚ ਜੇਕਰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਅਧਿਆਪਕ/ਕਰਮਚਾਰੀ ਆਪਣੇ ਜਿਲ੍ਹੇ ਦੇ ਸਬੰਧਤ ਜਿਲ੍ਹਾਂ ਐਮ.ਆਈ.ਐਸ. ਕੋਆਰਡੀਨੇਟਰ ਨਾਲ ਸੰਪਰਕ ਕਰ ਸਕਦੇ ਹਨ, ਜਿਨ੍ਹਾਂ ਦੇ ਮੋਬਾਇਲ ਨੰਬਰ ਈਪੰਜਾਬਸਕੂਲ ਪੋਰਟਲ ਉੱਤੇ ਉਪਲੱਬਧ ਹਨ।

3.0 ਮੰਨਜ਼ੂਰ ਹੋਈਆਂ ਛੁੱਟੀਆਂ ਰੱਦ ਕਰਵਾਉਣ ਲਈ ਆਨਲਾਈਨ ਅਪਲਾਈ ਕਰਨ ਲਈ ਗਾਈਡਲਾਈਨਜ਼ ਨਾਲ ਨੱਥੀ ਹਨ।

ਸਕੱਤਰ ਸਕੂਲ ਸਿੱਖਿਆ, ਪੰਜਾਬ

ਪਿੱ.ਅੰ. ਨੰ. ਉਕਤ / 2021 207192-194 ਮਿਤੀ 01-07-2021

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ:-

1.0 ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।

2.0 ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ।

3.0 ਡਾਇਰੈਕਟਰ ਸਿੱਖਿਆ ਵਿਭਾਗ (ਐਸਿ), ਪੰਜਾਬ।

4.0 ਸੁਪਰਡੰਟ ਸਿੱਖਿਆ-6 ਸ਼ਾਖਾ

ਸਕੱਤਰ ਸਕੂਲ ਸਿੱਖਿਆ, ਪੰਜਾਬ।

**Guidelines to submit Cancellation Request Online on ePunjabSchool Portal**

1. Teachers can login to their ePunjabSchool Staff Login.
2. Click on "Apply" menu, then "Cancellation Request"
3. Fill the desired columns.
4. Click on "Submit" button to submit the request.